**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 10-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬੈਂਗਲੁਰੂ ਦੇ ਕੇ.ਐਸ.ਆਰ ਰੇਲਵੇ ਸਟੇਸ਼ਨ ਤੋਂ ਤਿੰਨ ਵੰਦੇ ਭਾਰਤ ਰੇਲ ਗੱਡੀਆਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਨ੍ਹਾਂ ਵਿੱਚ ਮਾਤਾ ਵੈਸ਼ਨੋਦੇਵੀ ਕਟੜਾ-ਅੰਮ੍ਰਿਤਸਰ, ਬੈਂਗਲੁਰੂ-ਬੇਲਾਗਵੀ ਅਤੇ ਨਾਗਪੁਰ-ਪੁਣੇ ਵੰਦੇ ਭਾਰਤ ਰੇਲ ਗੱਡੀਆਂ ਸ਼ਾਮਲ ਨੇ। ਬਾਅਦ ਵਿੱਚ, ਪ੍ਰਧਾਨ ਮੰਤਰੀ ਨੇ ਯੈਲੋ ਲਾਈਨ ਮੈਟਰੋ ਸੇਵਾ ਦੀ ਸ਼ੁਰੂਆਤ ਕੀਤੀ, ਜੋ ਇਲੈਕਟ੍ਰਾਨਿਕ ਸਿਟੀ ਨੂੰ ਬੋਮਮਨਹੱਲੀ ਨਾਲ ਜੋੜਦੀ ਏ। ਬਾਅਦ ਦੁਪਹਿਰ, ਸ਼੍ਰੀ ਮੋਦੀ ਨੱਮਾ ਮੈਟਰੋ ਦੇ ਤੀਜੇ ਗੇੜ ਦਾ ਨੀਂਹ ਪੱਥਰ ਰੱਖਣਗੇ, ਜਿਸ ਦੇ ਦੋ ਲਾਂਘੇ ਹੋਣਗੇ।

-----------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਵਿਸ਼ੇਸ਼ ਨਿਗਰਾਨ ਬਾਲ ਕ੍ਰਿਸ਼ਨ ਗੋਇਲ ਨੇ ਕਪੂਰਥਲਾ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਏ। ਕੱਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ

ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਕਮਿਸ਼ਨ, ਵੱਖ-ਵੱਖ ਜ਼ਿਲ੍ਹਿਆਂ ਵਿਚ ਜਾਕੇ ਲੋਕਾਂ ਨੂੰ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਕਮਿਸ਼ਨ ਹਸਪਤਾਲਾਂ, ਜੇਲ੍ਹਾਂ, ਪੁਲਿਸ ਸਟੇਸ਼ਨਾਂ ਅਤੇ ਸਕੂਲਾਂ ਵਰਗੀਆਂ ਮਨੁੱਖੀ ਅਧਿਕਾਰਾਂ ਪ੍ਰਤੀ ਸੰਵੇਦਨਸ਼ੀਲ ਥਾਵਾਂ ਦਾ ਲਗਾਤਾਰ ਨਿਰੀਖਣ ਕਰ ਰਿਹਾ ਏ ।ਬਜ਼ੁਰਗ ਨਾਗਰਿਕਾਂ ਦੇ ਅਧਿਕਾਰਾਂ ਦੀ ਸੁਰੱਖਿਆ ਵੱਲ ਵਿਸ਼ੇਸ਼ ਧਿਆਨ ਦੇਣ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਬਜ਼ੁਰਗ ਨਾਗਰਿਕਾਂ ਪ੍ਰਤੀ ਆਪਣਾ ਵਿਵਹਾਰ ਹਮਦਰਦੀ ਵਾਲਾ ਰੱਖਣਾ ਚਾਹੀਦਾ ਏ । ਉਨ੍ਹਾਂ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ ਫੈਕਟਰੀਆਂ ਵਿੱਚ ਬਾਲ ਮਜ਼ਦੂਰੀ ਨੂੰ ਰੋਕਣ ਲਈ ਵਧੇਰੇ ਸਰਗਰਮ ਹੋਣ ਦੇ ਨਿਰਦੇਸ਼ ਦਿੱਤੇ।

--------------------------------------------------------------------------------

ਭਾਰਤੀ ਜਨਤਾ ਪਾਰਟੀ ਵੱਲੋਂ ਅੱਜ ਅੰਮ੍ਰਿਤਸਰ ਵਿੱਚ ਤਿਰੰਗਾ ਯਾਤਰਾ ਕੱਢੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ BJP ਵਰਕਰਾਂ ਅਤੇ ਸ਼ਹਿਰ ਦੇ ਲੋਕਾਂ ਨੇ ਹਿੱਸਾ ਲਿਆ । ਇਸ ਮੌਕੇ BJP ਦੇ ਕੌਮੀ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਦੇਸ਼ ਭਰ ਵਿੱਚ 16 ਹਜ਼ਾਰ ਤਿਰੰਗਾ ਯਾਤਰਾਵਾਂ

ਕੱਢੀਆਂ ਜਾ ਰਹੀਆਂ ਨੇ ਜਿਸ ਵਿਚ ਲੋਕ ਵੱਧ ਚੜ ਕੇ ਹਿੱਸਾ ਲੈ ਰਹੇ ਨੇ । BYTE:

--------------------------------------------------------------------------------

ਦੇਸ਼-ਵਿਆਪੀ "ਹਰ ਘਰ ਤਿਰੰਗਾ" ਮੁਹਿੰਮ ਦੇ ਤਹਿਤ ਬੀਤੇ ਦਿਨੀ ਚੰਡੀਗੜ੍ਹ ਦੇ ਸੈਕਟਰ-34, ਵਿਖੇ ਇੱਕ ਤਿਰੰਗਾ ਰੱਖੜੀ ਨਿਰਮਾਣ ਵਰਕਸ਼ਾਪ ਕਰਵਾਈ ਗਈ । ਇਸ ਪਹਿਲ ਦਾ ਉਦੇਸ਼ ਨਾਗਰਿਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਵਿੱਚ, ਦੇਸ਼ ਭਗਤੀ ਅਤੇ ਰਾਸ਼ਟਰੀ ਗੌਰਵ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ। ਇਸ ਵਰਕਸ਼ਾਪ ਵਿਚ ਹਿੱਸਾ ਲੈਣ ਵਾਲਿਆਂ ਨੇ ਤਿਰੰਗਾ ਰੱਖੜੀਆਂ ਤਿਆਰ ਕੀਤੀਆਂ। ਏਅਰ ਫੋਰਸ ਸਟੇਸ਼ਨ, ਚੰਡੀਗੜ੍ਹ ਵਿਖੇ ਇੱਕ ਤਿਰੰਗਾ ਰੱਖੜੀ ਸਮਾਗਮ ਕੀਤਾ ਗਿਆ, ਜਿੱਥੇ ਸਕੂਲੀ ਵਿਦਿਆਰਥਣਾਂ ਨੇ ਹਵਾਈ ਫੋਜ ਦੇ ਜਵਾਨਾਂ ਨੂੰ ਤਿਰੰਗਾ ਰੱਖੜੀਆਂ ਬੰਨ੍ਹ ਕੇ, ਰਾਸ਼ਟਰ ਪ੍ਰਤੀ ਉਨ੍ਹਾਂ ਦੀ ਸੇਵਾ ਪ੍ਰਤੀ ਆਪਣਾ ਪ੍ਰੇਮ, ਸਨਮਾਨ ਅਤੇ ਧੰਨਵਾਦ ਕੀਤਾ।

--------------------------------------------------------------------------------

ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ ਵਿਖੇ ਕੱਲ ਰੱਖੜੀ ਦਾ ਤਿਉਹਾਰ ਮਨਾਇਆ ਗਿਆ। ਵਾਈਸ-ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਮਹਿਲਾ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਮਿਲਕੇ ਕੈਂਪਸ ਦੇ ‘ਪੰਚਵਟੀ’ਖੇਤਰ ਅਤੇ ਹੋਰ ਥਾਵਾਂ ‘ਤੇ ਸੱਭਿਆਚਾਰਕ

ਮਹੱਤਤਾ ਵਾਲੇ ਰੁੱਖ-ਪਿੱਪਲ, ਬਰਗਦ, ਆਂਵਲਾ, ਸ਼ੀਸ਼ਮ ਅਤੇ ਸੁਖਚੈਨ- ਨੂੰ ਰੱਖੜੀ ਬੰਨੀ ਅਤੇ ਮਨੁੱਖੀ ਜੀਵਨ ਨੂੰ ਸੁਰੱਖਿਆ ਅਤੇ ਸਰੋਤ ਪ੍ਰਦਾਨ ਕਰਨ ਲਈ ਕੁਦਰਤ ਦਾ ਸ਼ੁਕਰਾਨਾ ਕੀਤਾ । ਰੱਖੜੀ ਬੰਨ੍ਹਣ ਦੇ ਨਾਲ-ਨਾਲ ਯੂਨੀਵਰਸਿਟੀ ਦੇ ਇਕ ਹਾਊਸਿੰਗ ਕੰਪਲੈਕਸ ਵਿਖੇ ਮੌਲਸਰੀ ਦੇ ਬੂਟੇ ਵੀ ਲਗਾਏ ਗਏ। ਖਾਸ ਗੱਲ ਇਹ ਸੀ ਕਿ ਰੱਖੜੀ ਬੰਨ੍ਹਣ ਤੋਂ ਲੈਕੇ ਬੂਟੇ ਲਗਾਉਣ ਤੱਕ ਦਾ ਸਾਰਾ ਕੰਮ ਕੇਵਲ ਮਹਿਲਾ ਅਧਿਆਪਕਾਂ, ਬੱਚਿਆਂ ਅਤੇ ਵਿਦਿਆਰਥੀਆਂ ਨੇ ਹੀ ਕੀਤਾ। ਪ੍ਰੋ. ਤਿਵਾਰੀ ਨੇ ਕਿਹਾ ਕਿ ਰੱਖੜੀ ਸਿਰਫ਼ ਭਰਾ-ਭੈਣ ਦੇ ਪਿਆਰ, ਵਿਸ਼ਵਾਸ ਅਤੇ ਸੁਰੱਖਿਆ ਦਾ ਪ੍ਰਤੀਕ ਨਹੀਂ ਏ , ਸਗੋਂ ਇਸ ਨੂੰ ਅਸੀਂ ਕੁਦਰਤ ਸੰਭਾਲ ਨਾਲ ਵੀ ਜੋੜ ਸਕਦੇ ਹਾਂ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਪਿਆਰੇਆਂ ਦੀ ਰੱਖਿਆ ਕਰਦੇ ਹਾਂ, ਉਸੇ ਤਰ੍ਹਾਂ ਸਾਨੂੰ ਜੀਵਨ ਦਾਤਾ ਰੁੱਖਾਂ ਦੀ ਵੀ ਸੁਰੱਖਿਆ ਕਰਨੀ ਚਾਹੀਦੀ ਏ , ਜੋ ਸਾਨੂੰ ਆਕਸੀਜਨ, ਭੋਜਨ, ਦਵਾਈਆਂ ਅਤੇ ਵਾਤਾਵਰਣ ਸੰਤੁਲਨ ਪ੍ਰਦਾਨ ਕਰਦੇ ਨੇ ।

---

ਕਸ਼ਮੀਰ ਵਾਦੀ ਦੇ ਕੁਲਗਾਮ ਦੇ ਅੱਖਾਲ ਜੰਗਲਾਤ ਇਲਾਕੇ ‘ਚ ਜਾਰੀ ਦਹਿਸ਼ਤਗਰਦੀ ਵਿਰੋਧੀ ਮੁਹਿੰਮ 'ਚ ਬੀਤੇ ਕਲ੍ਹ ਨੌਵੇਂ ਦਿਨ, ਪੰਜਾਬ ਦੇ ਦੋ ਜਵਾਨ ਸ਼ਹੀਦ ਹੋ ਗਏ। ਮੁਕਾਬਲੇ 'ਚ ਦੋ ਹੋਰ ਜਵਾਨ ਜ਼ਖ਼ਮੀ ਵੀ ਹੋਏ ਨੇ। ਦਹਿਸ਼ਤਗਰਦਾਂ ਨੂੰ ਖਤਮ ਕਰਨ ਲਈ ਫ਼ੌਜ, ਜੰਮੂ-ਕਸ਼ਮੀਰ

ਪੁਲਿਸ ਦੇ SPECIAL OPERATION GROUP (SOG), CRPF ਦੇ ਜਵਾਨਾਂ ਤੇ ਪੈਰਾ ਕਮਾਂਡੋਜ਼ ਵਲੋਂ ਜੰਗਲਾਤ ਇਲਾਕੇ ‘ਚ ਭਾਲ ਕਾਰਵਾਈ ਕੀਤੀ ਜਾ ਰਹੀ ਏ l ਇਸ ਤੋਂ ਇਲਾਵਾ ਡ੍ਰੋਨ ਤੇ ਹੈਲੀਕਾਪਟਰ ਦੀ ਵੀ ਵਰਤੋਂ ਕੀਤੀ ਜਾ ਰਹੀ ਏ । ਸ਼ਹੀਦ ਫ਼ੌਜੀਆਂ ਦੀ ਪਛਾਣ ਲਾਂਸ ਨਾਇਕ ਪ੍ਰਿਤਪਾਲ ਸਿੰਘ ਤੇ ਸਿਪਾਹੀ ਹਰਮਿੰਦਰ ਸਿੰਘ ਵਜੋਂ ਹੋਈ ਏ । ਸ਼ਹੀਦ ਪ੍ਰਿਤਪਾਲ ਪੰਜਾਬ 'ਚ ਲੁਧਿਆਣਾ ਜ਼ਿਲ੍ਹੇ ਦੇ ਖੰਨਾ ਦੇ ਮਾਨੂੰਪੁਰ ਦੇ ਰਹਿਣ ਵਾਲੇ ਸਨ। ਸ਼ਹੀਦ ਹੋਏ ਦੂਜੇ ਸਿਪਾਹੀ ਹਰਮਿੰਦਰ ਸਿੰਘ ਪੰਜਾਬ ਦੇ ਫ਼ਤਹਿਗੜ੍ਹ ਸਾਹਿਬ ਦੇ ਮੰਡੀ ਗੋਬਿੰਦਗੜ੍ਹ ਨਾਲ ਲੱਗਦੇ ਬਦੀਨਪੁਰ ਦੇ ਰਹਿਣ ਵਾਲੇ ਸਨ. ਇਸ ਦੌਰਾਨ ਫ਼ੌਜ ਨੇ ਇਕ ਸ਼ਰਧਾਂਜਲੀ ਸਮਾਗਮ ਕਰ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ l ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹਨਾਂ ਦੋਵਾਂ ਫੌਜੀਆਂ ਦੇ ਸ਼ਹੀਦ ਹੋਣ ਦੀ ਖਬਰ ਨੂੰ ਦੁਖਦਾਈ ਦੱਸਿਆ ਏ ਤੇ ਓਹਨਾਂ ਦੇ ਪਰਿਵਾਰਾਂ ਨਾਲ ਹਮਦਰਦੀ ਜ਼ਾਹਿਰ ਕੀਤੀ ਏ. ਇੱਕ ਸੋਸ਼ਲ ਮੀਡਿਆ ਪੋਸਟ ਵਿਚ ਸ਼੍ਰੀ ਮਾਨ ਨੇ ਦੇਸ਼ ਦੀ ਰੱਖਿਆ ਲਈ ਸ਼ਹੀਦ ਹੋਏ ਜਵਾਨਾਂ ਦੇ ਜਜ਼ਬੇ ਤੇ ਬਹਾਦਰੀ ਨੂੰ ਸਲਾਮ ਕੀਤਾ ਤੇ ਸਰਕਾਰ ਵੱਲੋਂ ਓਹਨਾਂ ਦੇ ਪਰਿਵਾਰਾਂ ਨੂੰ 1-1 ਕਰੋੜ ਰੁਪਏ ਦੀ ਸਨਮਾਨ ਰਕਮ ਭੇਂਟ ਕਰਨ ਦਾ ਐਲਾਨ ਕੀਤਾ ਏ.

-----------------------------------------------------------------------

ਆਉਂਦੇ ਆਜ਼ਾਦੀ ਦਿਵਸ ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ

ਲਈ ਚਲਾਏ ਜਾ ਰਹੇ ਵਿਸ਼ੇਸ਼ ਆਪ੍ਰੇਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਕੱਲ ਵਿਸ਼ੇਸ਼ ਆਪ੍ਰੇਸ਼ਨ ਸੀਲ ਚਲਾਇਆ । ਇਸਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਆਉਣ-ਜਾਣ ਵਾਲੇ ਸਾਰੇ ਵਾਹਨਾਂ ਦੀ ਜਾਂਚ ਕਰਨਾ ਸੀ ਤਾਂ ਜੋ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ 'ਤੇ ਕੜੀ ਨਜ਼ਰ ਰੱਖੀ ਜਾ ਸਕੇ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਰੇ ਜ਼ਿਲ੍ਹਿਆਂ ਵਿੱਚ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸ.ਐਸ.ਪੀ.ਜ਼ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਰਣਨੀਤਕ ਥਾਵਾਂ 'ਤੇ ਸਾਂਝੇ ਨਾਕੇ ਲਗਾਉਣ ਲਈ ਵੱਧ ਤੋਂ ਵੱਧ ਪੁਲਿਸ ਬਲ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ 600 ਤੋਂ ਵੱਧ ਪੁਲਿਸ ਕਰਮਚਾਰੀਆਂ ਦੇ ਆਪਸੀ ਤਾਲਮੇਲ ਨਾਲ 10 ਜ਼ਿਲ੍ਹਿਆਂ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐਸ.ਏ.ਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਦੇ ਆਉਣ ਨਜਾਣ ਵਾਲੇ ਰਸਤਿਆਂ 'ਤੇ ਮਜ਼ਬੂਤ ਨਾਕੇ ਲਗਾਏ ਗਏ । 2 ਹਜ਼ਾਰ 464 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 286 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 9 ਨੂੰ

ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ ਮਾਮਲਾ ਦਰਜ ਕਰਕੇ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਵੀ ਕੀਤਾ ਏ ।